ਦਫਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ. ਨਿ.ਵਿ. ਭ ਤੇ ਮ ਸ਼ਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ
ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)
E-mail Id : pwdmohali@gmail.com Tel.. 0172-2226328 & Fax No 0172-5027443

ਸੇਵਾ ਵਿਖੇ

Principal,
Paragon Senior Secondary school,
sector 71 , SAS nagar Distt.Mohali,
ਨੰ 9274 ਮਿਤੀ 15-10-2020

ਵਿਸ਼ਾ:- **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

ਹਵਾਲਾ:- ਆਪ ਦਾ ਪੱਤਰ Psss/2020 ਮਿਤੀ 16.09.2020

ਉਪਰੋਕਤ ਸਕੂਲ ਦਾ ਨਿਰੀਖਣ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਮੰਡਲ ਲੋ.ਨਿ.ਵਿ. ਭ ਤੇ ਮ ਸ਼ਾਖਾ ਐਸ.ਏ.ਐਸ.ਨਗਰ , ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋਂ ਮੁਆਇਨਾ ਕਰਨ ਉਪਰੰਤ ਪਾਇਆ ਗਿਆ ਕਿ ਇਸ ਸਕੂਲ ਦੀ ਇਮਾਰਤ ਠੀਕ ਪਾਈ ਗਈ ਹੈ। ਸਕੂਲ ਵੱਲੋਂ ਇੰਸਪੈਕਸ਼ਨ ਫੀਸ ਰੁ:15,000/- **ਜੀ.ਆਰ.ਨੰ: 3903117,ਮਿਤੀ 08.10.2020** ਰਾਹੀ ਜਮਾ ਕਰਵਾ ਦਿੱਤੀ ਗਈ ਹੈ । ਇਸ ਲਈ ਉਪਰੋਕਤ ਸਕੂਲ ਦੀ **ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2021 ਤੱਕ** ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ ।

1. ਜੇ ਸਕੂਲ ਦੀ ਇਮਾਰਤ ਵਿੱਚ ਕੋਈ ਵੀ ਵਾਧਾ ਬਦਲਾਅ ਕੀਤਾ ਜਾਂਦਾ ਹੈ ਜਾਂ ਕਿਸੇ ਵੀ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਦੁਬਾਰਾ ਲਿਆ ਜਾਵੇ ।
2. ਜੇ ਬਿਲਡਿੰਗ ਹੜਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈਕ ਕਰਵਾਇਆ ਜਾਵੇ ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਸਬ ਫਾਇਰ ਅਫਸਰ, ਫਾਇਰ ਬ੍ਰਿਗੇਡ, ਐਸ.ਏ.ਐਸ ਨਗਰ ਵਲੋਂ ਉਨਾਂ ਦੇ ਨੰ: NOC No 2004-20629-Fire/15046 ਮਿਤੀ 27-05-2020 ਦੁਆਰਾ ਜਾਰੀ ਕੀਤਾ ਹੋਇਆ ਲਗਾਇਆ ਗਿਆ ਹੈ । ਫਾਇਰ ਸਰਟੀਫਿਕੇਟ ਜਾਰੀ ਕਰਨ ਸਮੇਂ ਕੀਤੀਆਂ ਹਿਦਾਇਤਾਂ ਅਨੁਸਾਰ ਅੱਗ ਬੁਝਾਉ ਯੰਤਰ ਤਸੱਲੀਬਖਸ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀਂ ਹੋਵੇਗਾ।

ਕਾਰਜਕਾਰੀ ਇੰਜੀਨੀਅਰ
ਪ੍ਰਾਂਤਕ ਮੰਡਲ,ਲੋ.ਨਿ.ਵਿ.ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ. ਮਿਤੀ.

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ.ਨਿ.ਵਿ. ਭ ਤੇ ਮ ਸ਼ਾਖਾ ਐਸ.ਏ. ਐਸ. ਨਗਰ ਨੂੰ ਉਨ੍ਹਾਂ ਦੇ **ਪੱਤਰ ਨੰ : 339 ਮਿਤੀ 09-10-2020** ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ,ਲੋ.ਨਿ.ਵਿ.ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

Scanned with CamScanner